# India-USA Consultations on UN Security Council Issues

August 03, 2022

...............

## ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਨਾਲ ਜੁੜੇ ਮੁੱਦਿਆਂ ਬਾਰੇ ਭਾਰਤ-ਅਮਰੀਕਾ ਦਰਮਿਆਨ ਸਲਾਹ-ਮਸ਼ਵਰਾ

**3 ਅਗਸਤ, 2022**

1. ਭਾਰਤ ਅਤੇ ਅਮਰੀਕਾ ਦਰਮਿਆਨ 3 ਅਗਸਤ, 2022 ਨੂੰ ਨਵੀਂ ਦਿੱਲੀ ਵਿਖੇ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ (UNSC) ਨਾਲ ਜੁੜੇ ਅਤੇ ਹੋਰ ਬਹੁਪੱਖੀ ਮੁੱਦਿਆਂ 'ਤੇ ਸਲਾਹ-ਮਸ਼ਵਰਾ ਹੋਇਆ।

2. ਵਿਦੇਸ਼ ਮੰਤਰਾਲੇ (MEA) ਦੇ ਸਾਂਝਾ ਸਕੱਤਰ (ਯੂ.ਐਨ.-ਰਾਜਨੀਤਕ) ਸ਼੍ਰੀ ਪ੍ਰਕਾਸ਼ ਗੁਪਤਾ ਨੇ ਭਾਰਤੀ ਵਫ਼ਦ ਦੀ ਅਗਵਾਈ ਕੀਤੀ, ਜਿਸ ਵਿੱਚ MEA ਦੇ ਅਮਰੀਕਾ ਅਤੇ UNES ਡਿਵੀਜ਼ਨਾਂ ਦੇ ਅਧਿਕਾਰੀ ਵੀ ਸ਼ਾਮਲ ਸਨ। ਅਮਰੀਕੀ ਵਫ਼ਦ ਦੀ ਅਗਵਾਈ ਵਿਦੇਸ਼ ਵਿਭਾਗ ਦੇ ਅੰਤਰਰਾਸ਼ਟਰੀ ਸੰਗਠਨ ਮਾਮਲਿਆਂ ਦੇ ਸਹਾਇਕ ਸਕੱਤਰ ਰਾਜਦੂਤ ਮਿਸ਼ੇਲ ਜੇ. ਸਿਸਨ ਨੇ ਕੀਤੇ, ਜਿਸ ਵਿਚ ਨਵੀਂ ਦਿੱਲੀ ਸਥਿਤ ਅਮਰੀਕੀ ਦੂਤਾਵਾਸ ਦੇ ਹੋਰ ਸੀਨੀਅਰ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ।

3. ਭਾਰਤ-ਅਮਰੀਕਾ ਦੀ ਵਿਆਪਕ ਆਲਮੀ ਰਣਨੀਤਕ ਭਾਈਵਾਲੀ ਦੇ ਮੱਦੇਨਜ਼ਰ ਦੋਵਾਂ ਧਿਰਾਂ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਦੇ ਏਜੰਡੇ 'ਤੇ ਵੱਖ-ਵੱਖ ਵਿਸ਼ਿਆਂ ਅਤੇ ਦੇਸ਼-ਵਿਸ਼ੇਸ਼ ਮੁੱਦਿਆਂ 'ਤੇ ਡੂੰਘਾ ਵਿਚਾਰ ਵਟਾਂਦਰਾ ਕੀਤਾ। ਦੋਵੇਂ ਧਿਰਾਂ ਨੇ ਅੱਤਵਾਦ ਦੇ ਟਾਕਰੇ ਅਤੇ ਸੰਯੁਕਤ ਰਾਸ਼ਟਰ ਸ਼ਾਂਤੀ ਰੱਖਿਅਕਾਂ ਸਮੇਤ ਆਪਸੀ ਹਿੱਤਾਂ ਦੇ ਮੁੱਦਿਆਂ 'ਤੇ ਮੌਜੂਦਾ ਸਹਿਯੋਗ ਨੂੰ ਜਾਰੀ ਰੱਖਣ ਉੱਤੇ ਸਹਿਮਤੀ ਦਿੱਤੀ। ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਦੇ ਹੋਣ ਵਾਲੇ 77ਵੇਂ ਸੈਸ਼ਨ ਦੌਰਾਨ ਦੋਵਾਂ ਪੱਖਾਂ ਦੀਆਂ ਤਰਜੀਹਾਂ ਨੂੰ ਵੀ ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਕੀਤਾ ਗਿਆ, ਭਾਰਤੀ ਪੱਖ ਨੇ ਵੀ ਮੁਲਾਕਾਤ ਕਰਨ ਵਾਲੇ ਅਮਰੀਕੀ ਵਫ਼ਦ ਨੂੰ ਦਸੰਬਰ, 2022 ਵਿੱਚ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀ ਆਉਣ ਵਾਲੀ ਪ੍ਰਧਾਨਗੀ ਦੌਰਾਨ ਆਪਣੀਆਂ ਤਰਜੀਹਾਂ ਬਾਰੇ ਜਾਣੂ ਕਰਵਾਇਆ।

4. CUNPK ਦੁਆਰਾ ਸੰਯੁਕਤ ਰਾਸ਼ਟਰ ਸ਼ਾਂਤੀ ਰੱਖਿਅਕਾਂ ਲਈ ਚਲਾਏ ਜਾ ਰਹੇ ਸਿਖਲਾਈ ਪ੍ਰੋਗਰਾਮਾਂ, ਜਿਨ੍ਹਾਂ ਵਿਚ ਭਾਰਤ ਅਤੇ ਅਮਰੀਕਾ ਦੁਆਰਾ ਸਾਂਝੇ ਤੌਰ 'ਤੇ ਹਮਾਇਤ ਪ੍ਰਾਪਤ ਪ੍ਰੋਗਰਾਮ ਵੀ ਹਨ, ਬਾਰੇ ਸੰਯੁਕਤ ਰਾਸ਼ਟਰ ਸ਼ਾਂਤੀ ਰੱਖਿਅਕ ਕੇਂਦਰ (CUNPK) ਦੇ ਸੀਨੀਅਰ ਅਧਿਕਾਰੀਆਂ ਦੁਆਰਾ ਅਮਰੀਕੀ ਵਫ਼ਦ ਨੂੰ ਜਾਣਕਾਰੀ ਦਿੱਤੀ ਗਈ।

ਨਵੀਂ ਦਿੱਲੀ
3 ਅਗਸਤ, 2022

DISCLAIMER: This is an approximate translation. The original is available in English on MEA's website and may be referred to as the official press release.